♦ ੧ੴ

ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ ॥ ਜਪੁ ॥

ਆਦਿ ਸਚੁ ਜੁਗਾਦਿ ਸਚੁ ॥ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥੧॥

♦ ਵਾਹਿਗੁਰੂ

♦ ੧ੴ ਸਤਿਗੁਰਪ੍ਰਸਾਦਿ ॥ ਸ੍ਰੀ ਵਾਹਿਗੁਰੂ ਜੀ ਕੀ ਫਤਹ॥

ਜਾਪੁ ॥

ਸ੍ਰੀ ਮੁਖਵਾਕ ਪਾਤਿਸਾਹੀ ੧੦ ॥

ਛਪੈ ਛੰਦ ॥ ਤ੍ਵਪ੍ਰਸਾਦਿ ॥ਚਕ੍ਰ ਚਿਹਨ ਅਰੁ ਬਰਨ ਜਾਤ ਅਰੁ ਪਾਤ ਨਹਿਨ ਜਿਹ ॥

ਰੂਪ ਰੰਗ ਅਰੁ ਰੇਖ ਭੇਖ ਕੋਊ ਕਹਿ ਨ ਸਕਤਿ ਕਿਹ ॥ ਅਚਲ ਮੂਰਤਿ ਅਨਭਉ ਪ੍ਰਕਾਸ ਅਮਿਤੋਜਿ ਕਹਿਜੈ ॥ ਕੋਟਿ ਇੰਦ੍ਰਇੰਦ੍ਰਾਣਿ ਸਾਹਸਾਹਾਣਿ ਗਣਿਜੈ ॥ ਤ੍ਰਿਭਵਣ ਮਹੀਪ ਸੁਰ ਨਰ ਅਸੁਰ ਨੇਤ ਨੇਤ ਬਨ ਤ੍ਰਿਣ ਕਹਤ ॥ ਤ੍ਵ ਸਰਬ ਨਾਮ ਕਥੈ ਕਵਨ ਕਰਮਨਾਮ ਬਰਨਤ ਸੁਮਤਿ ॥੧॥

ਰਾਮਕਲੀ ਮਹਲਾ ੩ ਅਨੰਦੁ ੧ੴ ਸਤਿਗੁਰ ਪ੍ਰਸਾਦਿ ॥......

ਸਾਰਾ ਆਨੰਦ ਸਾਹਿਬ ਪੜ੍ਹਨਾ.....ਫਿਰ ਹੇਠਲੇ ਸਬਦ ਪੜ੍ਹੋ।।

ਮੁੰਦਾਵਣੀ ਮਹਲਾ ੫ ॥ ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ ॥ ੧॥

ਸਲੋਕ ਮਹਲਾ ੫ ॥

ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ ਕੀਤੋਈ ॥ ਮੈ ਨਿਰਗੁਣਿਆਰੇ ਕੋ ਗੁਣੁ ਨਾਹੀ ਆਪੇ ਤਰਸੁ ਪਇਓਈ ॥ ਤਰਸੁ ਪਇਆ ਮਿਹਰਾਮਤਿ ਹੋਈ ਸਤਿਗੁਰੁ ਸਜਣੁ ਮਿਲਿਆ ॥ ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ ਥੀਵੈ ਹਰਿਆ॥੧॥

ਚਾਚਰੀ ਛੰਦ ॥ ਤ੍ਵਪ੍ਰਸਾਦਿ ॥ ਗੋਬਿੰਦੇ ॥ ਮੁਕੰਦੇ ॥ ਉਦਾਰੇ ॥ ਅਪਾਰੇ ॥੯੪॥ ਹਰੀਅੰ ॥ ਕਰੀਅੰ ॥ ਨ੍ਰਿਨਾਮੇ ॥ ਅਕਾਮੇ ॥੯੫॥

॥ ਭੁਜੰਗ ਪ੍ਰਯਾਤ ਛੰਦ ॥ ਨਮਸਤੁਲ ਪ੍ਰਨਾਮੇ ਸਮਸਤੁਲ ਪ੍ਰਣਾਸੇ ॥ ਅਗੰਜੁਲ ਅਨਾਮੇ ਸਮਸਤੁਲ ਨਿਵਾਸੇ ॥ ਨ੍ਰਿਕਾਮੰ ਬਿਭੂਤੇ ਸਮਸਤੁਲ ਸਰੂਪੇ ॥ ਕੁਕਰਮੰ ਪ੍ਰਣਾਸੀ ਸੁਧਰਮੰ ਬਿਭੂਤੇ ॥ ੧੯੭॥ ਸਦਾ ਸਚਦਾਨੰਦ ਸਤ੍ਰੰ ਪ੍ਰਣਾਸੀ ॥ ਕਰੀਮੁਲ ਕੁਨਿੰਦਾ ਸਮਸਤੁਲ ਨਿਵਾਸੀ ॥ ਅਜਾਇਬ ਬਿਭੂਤੇ ਗਜਾਇਬ ਗਨੀਮੇ ॥ ਹਰੀਅੰ ਕਰੀਅੰ ਕਰੀਮੁਲ ਰਹੀਮੇ ॥੧੯੮॥ ਚੱਤ੍ਰ ਚੱਕ੍ਰ ਵਰਤੀ ਚੱਤ੍ਰ ਚੱਕ੍ਰ ਭੁਗਤੇ ॥ ਸੁਯੰਭਵ ਸੁਭੰ ਸਰਬ ਦਾ ਸਰਬ ਜੁਗਤੇ ॥ ਦੁਕਾਲੰ ਪ੍ਰਣਾਸੀ ਦਇਆਲੰ ਸਰੂਪੇ ॥ ਸਦਾ ਅੰਗ ਸੰਗੇ ਅਭੰਗੰ ਬਿਭੂਤੇ ॥੧੯੯॥

॥ ਸਲੋਕ ॥ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਵਸੁ ਰਾਤਿ ਦੁਇ. ਦਾਈ ਦਾਇਆ; ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੈ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਕੇਤੀ ਛੁਟੀ ਨਾਲਿ ॥੧॥

ਵਾਹਿਗੁਰੂਜੀਕਾਖਾਲਸਾਵਾਹਿਗੁਰੂਜੀਕੀਫਤੇ ॥

ਨੋਟ: ੩ ਵਾਰ ਇਹ ਵਿਧੀ ਨਾਲ ਪਾਠ ਕਰਨਾ ਦੇਗ ਕੋਲ ਬੈਠਕੇ ।

“ਫਤੇ” ਬੁਲਾਕੇ ਤਿੰਨੇਵਾਰ ਸੀਸ ਝੁਕਾਉ। ।